ਰਾਗੁ ਬੈਰਾੜੀ ਮਹਲਾ ੪ ਘਰੁ ੧ ਦੁਪਦੇ

ੴ ਸਤਿਗੁਰ ਪ੍ਰਸਾਦਿ ॥

ਸੁਨਿ ਮਨ ਅਕਥ ਕਥਾ ਹਰਿ ਨਾਮ ॥ ਰਿਧਿ ਬੁਧਿ ਸਿਧਿ ਸੁਖ ਪਾਵਹਿ ਭਜੁ ਗੁਰਮਤਿ ਹਰਿ ਰਾਮ ਰਾਮ ॥ ੧ ॥ ਰਹਾਉ ॥ ਨਾਨਾ ਖਿਆਨ ਪੁਰਾਨ ਜਸੁ ਊਤਮ ਖਟ ਦਰਸਨ ਗਾਵਹਿ ਰਾਮ ॥ ਸੰਕਰ ਕ੍ਰੋੜਿ ਤੇਤੀਸ ਧਿਆਇਓ ਨਹੀ ਜਾਨਿਓ ਹਰਿ ਮਰਮਾਮ ॥ ੧ ॥ ਸੁਰਿ ਨਰ ਗਣ ਗੰਧ੍ਰਬ ਜਸੁ ਗਾਵਹਿ ਸਭ ਗਾਵਤ ਜੇਤ ਉਪਾਮ ॥ ਨਾਨਕ ਕ੍ਰਿਪਾ ਕਰੀ ਹਰਿ ਜਿਨ ਕਉ ਤੇ ਸੰਤ ਭਲੇ ਹਰਿ ਰਾਮ ॥ ੨ ॥ ੧ ॥ ਬੈਰਾੜੀ ਮਹਲਾ ੪ ॥ ਮਨ ਮਿਲਿ ਸੰਤ ਜਨਾ ਜਸੁ ਗਾਇਓ ॥ ਹਰਿ ਹਰਿ ਰਤਨੁ ਰਤਨੁ ਹਰਿ ਨੀਕੋ ਗੁਰਿ ਸਤਿਗੁਰਿ ਦਾਨੁ ਦਿਵਾਇਓ ॥ ੧ ॥ ਰਹਾਉ ॥ ਤਿਸੁ ਜਨ ਕਉ ਮਨੁ ਤਨੁ ਸਭੁ ਦੇਵਉ ਜਿਨਿ ਹਰਿ ਹਰਿ ਨਾਮੁ ਸੁਨਾਇਓ ॥ ਧਨੁ ਮਾਇਆ ਸੰਪੈ ਤਿਸੁ ਦੇਵਉ ਜਿਨਿ ਹਰਿ ਮੀਤੁ ਮਿਲਾਇਓ ॥ ੧ ॥ ਖਿਨੁ ਕਿੰਚਿਤ ਕ੍ਰਿਪਾ ਕਰੀ ਜਗਦੀਸਰਿ ਤਬ ਹਰਿ ਹਰਿ ਹਰਿ ਜਸੁ ਧਿਆਇਓ ॥ ਜਨ ਨਾਨਕ ਕਉ ਹਰਿ ਭੇਟੇ ਸੁਆਮੀ ਦੁਖੁ ਹਉਮੈ ਰੋਗੁ ਗਵਾਇਓ ॥ ੨ ॥ ੨ ॥ ਬੈਰਾੜੀ ਮਹਲਾ ੪ ॥ ਹਰਿ ਜਨੁ ਰਾਮ ਨਾਮ ਗੁਨ ਗਾਵੈ ॥ ਜੇ ਕੋਈ ਨਿੰਦ ਕਰੇ ਹਰਿ ਜਨ ਕੀ ਅਪੁਨਾ ਗੁਨੁ ਨ ਗਵਾਵੈ ॥ ੧ ॥ ਰਹਾਉ ॥ ਜੋ ਕਿਛੁ ਕਰੇ ਸੁ ਆਪੇ ਸੁਆਮੀ ਹਰਿ ਆਪੇ ਕਾਰ ਕਮਾਵੈ ॥ ਹਰਿ ਆਪੇ ਹੀ ਮਤਿ ਦੇਵੈ ਸੁਆਮੀ

ਹਰਿ ਆਪੇ ਬੋਲਿ ਬੁਲਾਵੈ ॥ ੧ ॥ ਹਰਿ ਆਪੇ ਪੰਚ ਤਤੁ ਬਿਸਥਾਰਾ ਵਿਚਿ ਧਾਤੂ ਪੰਚ ਆਪਿ ਪਾਵੈ ॥ ਜਨ ਨਾਨਕ ਸਤਿਗੁਰੁ ਮੇਲੇ ਆਪੇ ਹਰਿ ਆਪੇ ਝਗਰੁ ਚੁਕਾਵੈ ॥ ੨ ॥ ੩ ॥ ਬੈਰਾੜੀ ਮਹਲਾ ੪ ॥ ਜਪਿ ਮਨ ਰਾਮ ਨਾਮੁ ਨਿਸਤਾਰਾ ॥ ਕੋਟ ਕੋਟੰਤਰ ਕੇ ਪਾਪ ਸਭਿ ਖੋਵੈ ਹਰਿ ਭਵਜਲੁ ਪਾਰਿ ਉਤਾਰਾ ॥ ੧ ॥ ਰਹਾਉ ॥ ਕਾਇਆ ਨਗਰਿ ਬਸਤ ਹਰਿ ਸੁਆਮੀ ਹਰਿ ਨਿਰਭਉ ਨਿਰਵੈਰੁ ਨਿਰੰਕਾਰਾ ॥ ਹਰਿ ਨਿਕਟਿ ਬਸਤ ਕਛੁ ਨਦਰਿ ਨ ਆਵੈ ਹਰਿ ਲਾਧਾ ਗੁਰ ਵੀਚਾਰਾ ॥ ੧ ॥ ਹਰਿ ਆਪੇ ਸਾਹੁ ਸਰਾਫੁ ਰਤਨੁ ਹੀਰਾ ਹਰਿ ਆਪਿ ਕੀਆ ਪਾਸਾਰਾ ॥ ਨਾਨਕ ਜਿਸੁ ਕ੍ਰਿਪਾ ਕਰੇ ਸੁ ਹਰਿ ਨਾਮੁ ਵਿਹਾਝੇ ਸੋ ਸਾਹੁ ਸਚਾ ਵਣਜਾਰਾ ॥ ੨ ॥ ੪ ॥ ਬੈਰਾੜੀ ਮਹਲਾ ੪ ॥ ਜਪਿ ਮਨ ਹਰਿ ਨਿਰੰਜਨੁ ਨਿਰੰਕਾਰਾ ॥ ਸਦਾ ਸਦਾ ਹਰਿ ਧਿਆਈਐ ਸੁਖਦਾਤਾ ਜਾ ਕਾ ਅੰਤੁ ਨ ਪਾਰਾਵਾਰਾ ॥ ੧ ॥ ਰਹਾਉ ॥ ਅਗਨਿ ਕੁੰਟ ਮਹਿ ਉਰਧ ਲਿਵ ਲਾਗਾ ਹਰਿ ਰਾਖੈ ਉਦਰ ਮੰਝਾਰਾ ॥ ਸੋ ਐਸਾ ਹਰਿ ਸੇਵਹੁ ਮੇਰੇ ਮਨ ਹਰਿ ਅੰਤਿ ਛਡਾਵਣਹਾਰਾ ॥ ੧ ॥ ਜਾ ਕੈ ਹਿਰਦੈ ਬਸਿਆ ਮੇਰਾ ਹਰਿ ਹਰਿ ਤਿਸੁ ਜਨ ਕਉ ਕਰਹੁ ਨਮਸਕਾਰਾ ॥ ਹਰਿ ਕਿਰਪਾ ਤੇ ਪਾਈਐ ਹਰਿ ਜਪੁ ਨਾਨਕ ਨਾਮੁ ਅਧਾਰਾ ॥ ੨ ॥ ੫ ॥ ਬੈਰਾੜੀ ਮਹਲਾ ੪ ॥ ਜਪਿ ਮਨ ਹਰਿ ਹਰਿ ਨਾਮੁ ਨਿਤ ਧਿਆਇ ॥ ਜੋ ਇਛਹਿ ਸੋਈ ਫਲੁ ਪਾਵਹਿ ਫਿਰਿ ਦੂਖੁ ਨ ਲਾਗੈ ਆਇ ॥ ੧ ॥ ਰਹਾਉ ॥ ਸੋ ਜਪੁ ਸੋ ਤਪੁ ਸਾ ਬ੍ਰਤ ਪੂਜਾ ਜਿਤੁ ਹਰਿ ਸਿਉ ਪ੍ਰੀਤਿ ਲਗਾਇ ॥ ਬਿਨੁ ਹਰਿ ਪ੍ਰੀਤਿ ਹੋਰ ਪ੍ਰੀਤਿ ਸਭ ਝੂਠੀ ਇਕ ਖਿਨ ਮਹਿ ਬਿਸਰਿ ਸਭ ਜਾਇ ॥ ੧ ॥ ਤੂ ਬੇਅੰਤੁ ਸਰਬ ਕਲ ਪੂਰਾ ਕਿਛੁ ਕੀਮਤਿ ਕਹੀ ਨ ਜਾਇ ॥ ਨਾਨਕ ਸਰਣਿ ਤੁਮ੍ਹਾਰੀ ਹਰਿ ਜੀਉ ਭਾਵੈ ਤਿਵੈ ਛਡਾਇ ॥ ੨ ॥ ੬ ॥

ਰਾਗੁ ਬੈਰਾੜੀ ਮਹਲਾ ੫ ਘਰੁ ੧

ੴ ਸਤਿਗੁਰ ਪ੍ਰਸਾਦਿ ॥

ਸੰਤ ਜਨਾ ਮਿਲਿ ਹਰਿ ਜਸੁ ਗਾਇਓ ॥ ਕੋਟਿ ਜਨਮ ਕੇ ਦੂਖ ਗਵਾਇਓ ॥ ੧ ॥ ਰਹਾਉ ॥ ਜੋ ਚਾਹਤ ਸੋਈ ਮਨਿ ਪਾਇਓ ॥ ਕਰਿ ਕਿਰਪਾ ਹਰਿ ਨਾਮੁ ਦਿਵਾਇਓ ॥ ੧ ॥ ਸਰਬ ਸੂਖ ਹਰਿ ਨਾਮਿ ਵਡਾਈ ॥ ਗੁਰ ਪ੍ਰਸਾਦਿ ਨਾਨਕ ਮਤਿ ਪਾਈ ॥ ੨ ॥ ੧ ॥ ੭ ॥